# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :25-04-2026**

ਕੇਂਦਰ ਸਰਕਾਰ ਨੇ ਮੌਜੂਦਾ ਸੀਜ਼ਨ ਲਈ ਘੱਟੋ-ਘੱਟ ਸਮਰਥਨ ਮੁੱਲ (MSP) 'ਤੇ ਕਣਕ ਖਰੀਦ ਦੇ ਟੀਚੇ ਨੂੰ 15 ਫੀਸਦੀ ਵਧਾ ਕੇ 3 ਕਰੋੜ 45 ਲੱਖ ਟਨ ਕਰ ਦਿੱਤਾ ਏ । ਖੁਰਾਕ ਸਕੱਤਰ ਸੰਜੀਵ ਚੋਪੜਾ ਨੇ ਕਿਹਾ ਏ ਕਿ ਇਸ ਫੈਸਲੇ ਦਾ ਉਦੇਸ਼ ਉਨ੍ਹਾਂ ਕਿਸਾਨਾਂ ਦੀ ਸਹਾਇਤਾ ਕਰਨਾ ਏ  ਜਿਨ੍ਹਾਂ ਦੀਆਂ ਫਸਲਾਂ ਬੇਮੌਸਮੀ ਬਾਰਿਸ਼ ਕਾਰਨ ਨੁਕਸਾਨੀਆਂ ਗਈਆਂ ਨੇ । ਕੱਲ੍ਹ ਨਵੀਂ ਦਿੱਲੀ ਵਿੱਚ ਇਕ ਸਮਾਗਮ ਵਿੱਚ ਬੋਲਦਿਆਂ, ਸ਼੍ਰੀ ਚੋਪੜਾ ਨੇ ਕਿਹਾ ਕਿ ਇਸ ਵਾਰ ਸੂਬਾ ਪੱਧਰ ਤੇ ਖਰੀਦ ਟੀਚਿਆਂ ਨੂੰ ਵੀ ਨਿਰਧਾਰਤ ਕੀਤਾ ਗਿਆ ਏ । ਖੁਰਾਕ ਸਕੱਤਰ ਨੇ ਕਿਹਾ ਕਿ ਪੰਜਾਬ, ਹਰਿਆਣਾ, ਮੱਧ ਪ੍ਰਦੇਸ਼ ਤੇ ਰਾਜਸਥਾਨ ਸਮੇਤ ਪ੍ਰਮੁੱਖ ਉਤਪਾਦਕ ਸੂਬਿਆਂ ਵਿੱਚ ਕਣਕ ਖਰੀਦ ਗੁਣਵੱਤਾ ਨਿਯਮਾਂ ਵਿੱਚ ਢਿੱਲ ਦਿੱਤੀ ਗਈ ਏ ਤਾਂ ਜੋ ਬੇਮੌਸਮੀ ਬਾਰਿਸ਼ ਕਾਰਨ ਪ੍ਰਭਾਵਿਤ ਹੋਏ ਕਿਸਾਨਾਂ ਤੋਂ ਵੱਧ ਖਰੀਦ ਕੀਤੀ ਜਾ ਸਕੇ ।

---------------------------------------------------

ਪੰਜਾਬ ਦੇ ਖ਼ੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਏ ਕਿ ਸੂਬੇ ਭਰ ਵਿਚ ਕਣਕ ਦੇ ਖ਼ਰੀਦ ਕਾਰਜ ਪੂਰੇ ਜ਼ੋਰਾਂ-ਸ਼ੋਰਾਂ ਨਾਲ ਜਾਰੀ ਨੇ ਤੇ ਕਿਸਾਨਾਂ ਨੂੰ ਖ਼ਰੀਦ ਦੇ 24 ਘੰਟਿਆਂ ਦੇ ਅੰਦਰ ਅਦਾਇਗੀ ਪ੍ਰਾਪਤ ਹੋ ਰਹੀ ਏ। ਅੰਮ੍ਰਿਤਸਰ ਦੀ ਝਬਾਲ ਦਾਣਾ ਮੰਡੀ ਵਿਖੇ ਕੈਬਨਿਟ ਮੰਤਰੀ ਨੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਤੇ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਹੁਣ ਤੱਕ ਸੂਬੇ ਦੀਆਂ ਮੰਡੀਆਂ ਵਿਚ 80 ਲੱਖ ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਏ , ਜਿਸ ਵਿਚੋਂ 76 ਲੱਖ ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਗਈ ਏ , ਜੋ ਕਿ 96 ਫੀਸਦੀ ਬਣਦੀ ਏ। ਉਨ੍ਹਾਂ ਕਿਹਾ ਕਿ ਇਸ ਸੀਜ਼ਨ ਵਿਚ ਸੂਬੇ ਦਾ 122 ਲੱਖ ਮੀਟ੍ਰਿਕ ਟਨ ਕਣਕ ਖ਼ਰੀਦ ਕਰਨ ਦਾ ਟੀਚਾ ਏ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ 24 ਘੰਟਿਆਂ ਦੇ ਅੰਦਰ ਅਦਾਇਗੀ ਮਿਲ ਰਹੀ ਏ। ਇਸ ਤੋਂ ਇਲਾਵਾ ਸੂਬੇ ਭਰ ਵਿੱਚ ਫ਼ਸਲ ਦੀ ਲਿਫਟਿੰਗ ਵੀ ਸੁਚਾਰੂ ਢੰਗ ਨਾਲ ਹੋ ਰਹੀ ਏ।

---------------------------------------------------

ਪੰਜਾਬ ਸਰਕਾਰ ਨੇ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਦੀਆਂ ਸਮੱਸਿਆਵਾਂ ਦੇ ਤੁਰੰਤ ਤੇ ਪ੍ਰਭਾਵਸ਼ਾਲੀ ਹੱਲ ਲਈ ਮਹੀਨੇ ਵਿੱਚ ਦੋ ਐਨ.ਆਰ.ਆਈ. ਮਿਲਣੀਆਂ ਕਰਨ ਦਾ ਫ਼ੈਸਲਾ ਕੀਤਾ ਏ। ਚੰਡੀਗੜ੍ਹ

ਵਿਖੇ ਅਧਿਕਾਰੀਆਂ ਨਾਲ ਮੀਟਿੰਗ ਉਪਰੰਤ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਹਰ ਮਹੀਨੇ ਦੇ ਦੂਜੇ ਬੁੱਧਵਾਰ ਨੂੰ ਆਨਲਾਈਨ ਮਿਲਣੀ ਕਰਵਾਈ ਜਾਵੇਗੀ, ਜਦਕਿ ਮਹੀਨੇ ਵਿੱਚ ਇੱਕ ਵਾਰ ਡਵੀਜ਼ਨ ਅਨੁਸਾਰ ਭੌਤਿਕ/ਫਿਜ਼ੀਕਲ ਮਿਲਣੀ ਹੋਵੇਗੀ। ਉਨ੍ਹਾਂ ਦੱਸਿਆ ਕਿ ਇਹ ਮਿਲਣੀਆਂ ਮਾਲਵਾ-1, ਮਾਲਵਾ-2, ਮਾਝਾ ਤੇ ਦੁਆਬਾ ਡਵੀਜ਼ਨਾਂ ਅਨੁਸਾਰ ਕਾਰਵਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਆਨਲਾਈਨ ਮਿਲਣੀ ਲਈ ਦਰਖਾਸਤਾਂ ਹਰ ਮਹੀਨੇ ਨਿਰਧਾਰਤ ਮਿਤੀ ਤੋਂ ਤਿੰਨ ਦਿਨ ਪਹਿਲਾਂ ਤੱਕ ਸਵੀਕਾਰ ਕੀਤੀਆਂ ਜਾਣਗੀਆਂ ਤੇ ਮਿਲਣੀ ਵਾਲੇ ਦਿਨ ਉਨ੍ਹਾਂ ਦਾ ਨਿਪਟਾਰਾ ਕੀਤਾ ਜਾਵੇਗਾ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਉਪਰਾਲੇ ਦਾ ਮੁੱਖ ਉਦੇਸ਼ ਐਨ.ਆਰ.ਆਈ. ਪੰਜਾਬੀਆਂ ਨਾਲ ਸਿੱਧਾ ਸੰਪਰਕ ਕਾਇਮ ਕਰਨਾ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਤੁਰੰਤ ਹੱਲ ਕਰਨਾ ਏ।

---------------------------------------------------------------

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਐਸ.ਏ.ਐਸ. ਨਗਰ ਵਿਖੇ ਅੱਠ ਉਮੀਦਵਾਰਾਂ ਨੂੰ ਤਰਸ ਦੇ ਆਧਾਰ 'ਤੇ ਨਿਯੁਕਤੀ ਪੱਤਰ ਸੌਂਪੇ। ਨਵ-ਨਿਯੁਕਤ ਕਰਮਚਾਰੀਆਂ ਨੂੰ ਵਧਾਈ ਦਿੰਦਿਆਂ ਸ. ਖੁੱਡੀਆਂ ਨੇ ਕਿਹਾ ਕਿ ਸਾਡੀ ਸਰਕਾਰ ਨੌਜਵਾਨਾਂ ਨੂੰ

ਸਿਰਫ਼ ਮੈਰਿਟ ਦੇ ਆਧਾਰ ’ਤੇ, ਬਿਨਾਂ ਕਿਸੇ ਸਿਫਾਰਸ਼ ਤੋਂ ਸਰਕਾਰੀ ਨੌਕਰੀਆਂ ਪ੍ਰਦਾਨ ਕਰ ਰਹੀ ਏ ਤੇ ਹੁਣ ਤੱਕ 65,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਨੇ। ਉਨ੍ਹਾਂ ਉਮੀਦਵਾਰਾਂ ਨੂੰ ਆਪਣੀ ਡਿਊਟੀ ਪੂਰੀ ਤਨਦੇਹੀ, ਇਮਾਨਦਾਰੀ ਤੇ ਸਮਰਪਣ ਦੀ ਭਾਵਨਾ ਨਾਲ ਨਿਭਾਉਣ ਲਈ ਵੀ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਇਹ ਕਦਮ ਪ੍ਰਭਾਵਿਤ ਪਰਿਵਾਰਾਂ ਨੂੰ ਵੱਡਾ ਸਹਾਰਾ ਪ੍ਰਦਾਨ ਕਰੇਗਾ ਤੇ ਇਹ ਨੌਜਵਾਨ ਉਮੀਦਵਾਰ ਹੁਣ ਪੰਜਾਬ ਮੰਡੀ ਬੋਰਡ ਦੀ ਤਰੱਕੀ ਵਿਚ ਆਪਣਾ ਯੋਗਦਾਨ ਪਾਉਣਗੇ।

---------------------------------------------------------------

ਅਨੁਸੂਚਿਤ ਜਾਤੀਆਂ ਦੇ ਨੌਜਵਾਨਾਂ ਨੂੰ ਆਤਮਨਿਰਭਰ ਬਣਾਉਣ ਤੇ ਸਵੈ-ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਵੱਲ ਮਹੱਤਵਪੂਰਨ ਕਦਮ ਚੁੱਕਦਿਆਂ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਜ਼ਿਲ੍ਹਿਆਂ ਦੇ 351 ਆਈ.ਟੀ.ਆਈ. ਸਿੱਖਿਆਰਥੀਆਂ ਨੂੰ ਟੂਲ ਕਿੱਟਾਂ ਵੰਡੀਆਂ ਗਈਆਂ ਨੇ। ਇਸ ਸਬੰਧੀ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮਲੋਟ ਵਿਖੇ ਡਾ. ਬੀ.ਆਰ. ਅੰਬੇਦਕਰ ਦੀ 136ਵੀਂ ਜਯੰਤੀ ਮੌਕੇ ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਵਿਭਾਗ ਵਲੋਂ ਕਰਵਾਏ ਸਮਾਗਮ ਦੌਰਾਨ ਇਹ ਟੂਲ ਕਿੱਟਾਂ ਵੰਡੀਆਂ ਗਈਆਂ। ਉਨ੍ਹਾਂ ਦੱਸਿਆ ਕਿ ਇਹ ਟੂਲ ਕਿੱਟਾਂ ਸ੍ਰੀ ਮੁਕਤਸਰ ਸਾਹਿਬ, ਬਠਿੰਡਾ, ਫਰੀਦਕੋਟ, ਫਿਰੋਜ਼ਪੁਰ

ਅਤੇ ਫਾਜ਼ਿਲਕਾ ਜ਼ਿਲ੍ਹਿਆਂ ਦੇ 9 ਆਈ.ਟੀ.ਆਈ. ਤੋਂ ਵੱਖ-ਵੱਖ ਕਿੱਤਿਆਂ ਦੀ ਸਿਖਲਾਈ ਪ੍ਰਾਪਤ 351 ਸਿੱਖਿਆਰਥੀਆਂ ਨੂੰ ਵੰਡੀਆਂ ਗਈਆਂ। ਇਲੈਕਟ੍ਰੀਸ਼ਨ, ਰੈਫ੍ਰਿਜਰੇਸ਼ਨ ਐਂਡ ਏਅਰ ਕੰਡੀਸ਼ਨਿੰਗ ਅਤੇ ਪਲੰਬਰ ਟ੍ਰੇਡ ਨਾਲ ਸਬੰਧਿਤ ਇਹ ਟੂਲ ਕਿੱਟਾਂ ਸਿੱਖਿਆਰਥੀਆਂ ਨੂੰ ਦਿੱਤੀਆਂ ਗਈਆਂ ਨੇ ਤਾਂ ਜੋ ਉਹ ਆਪਣਾ ਸਵੈ-ਰੁਜ਼ਗਾਰ ਸ਼ੁਰੂ ਕਰ ਸਕਣ।

----------------------------------------------------------------

ਪੰਜਾਬ ਦੇ ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਨੇ ਸੈਂਟਰਲ ਜੇਲ੍ਹ ਪਟਿਆਲਾ ਦਾ ਵਿਸ਼ੇਸ਼ ਦੌਰਾ ਕਰਦਿਆਂ ਜੇਲ੍ਹ ਪ੍ਰਬੰਧਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ "ਉਜਾਲਾ ਨਰਸਰੀ"ਤੇ ਨਵੀਂ ਤਿਆਰ ਕੀਤੀ ਗਈ ਜੇਲ੍ਹ ਲਾਇਬ੍ਰੇਰੀ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਉਜਾਲਾ ਨਰਸਰੀ ਦਾ ਮਕਸਦ ਕੈਦੀਆਂ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਵਧਾਉਣਾ ਅਤੇ ਉਨ੍ਹਾਂ ਨੂੰ ਰਚਨਾਤਮਕ ਗਤੀਵਿਧੀਆਂ ਨਾਲ ਜੋੜਨਾ ਏ। ਨਵੀਂ ਲਾਇਬ੍ਰੇਰੀ ਕੈਦੀਆਂ ਨੂੰ ਸਿੱਖਿਆ ਅਤੇ ਜਾਣਕਾਰੀ ਪ੍ਰਾਪਤ ਕਰਨ ਦੇ ਵਧੀਆ ਮੌਕੇ ਪ੍ਰਦਾਨ ਕਰੇਗੀ, ਜਿਸ ਨਾਲ ਉਹ ਆਪਣੇ ਜੀਵਨ ਵਿੱਚ ਸਕਾਰਾਤਮਕ ਬਦਲਾਅ ਲਿਆ ਸਕਣਗੇ। ਜੇਲ੍ਹ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਜੇਲ੍ਹਾਂ ਨੂੰ ਸੁਧਾਰ ਤੇ ਪੁਨਰਵਾਸ ਦੇ ਕੇਂਦਰਾਂ ਵਿੱਚ ਤਬਦੀਲ ਕਰਨ ਲਈ ਵਚਨਬੱਧ ਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜੇਲ੍ਹਾਂ ਨੂੰ ਨਸ਼ਾ-ਮੁਕਤ ਬਣਾਉਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਏ ਤੇ ਇਸ

ਦਿਸ਼ਾ ਵਿੱਚ ਜੇਲ੍ਹ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਉਨ੍ਹਾਂ ਸ਼ਲਾਘਾ ਕੀਤੀ।

--------------------------------------------------------

ਆਈ.ਪੀ.ਐਲ. ਕ੍ਰਿਕਟ ਵਿੱਚ ਅੱਜ ਦੁਪਹਿਰ 3:30 ਵਜੇ ਦਿੱਲੀ ਕੈਪੀਟਲਜ਼ ਦਾ ਸਾਹਮਣਾ ਪੰਜਾਬ ਕਿੰਗਜ਼ ਨਾਲ ਹੋਵੇਗਾ। ਇਹ ਮੈਚ ਦਿੱਲੀ ਦੇ ਅਰੁਣ ਜੇਟਲੀ ਸਟੇਡੀਅਮ ਵਿਚ ਖੇਡਿਆ ਜਾਵੇਗਾ। ਇਸ ਤੋਂ ਇਲਾਵਾ ਸ਼ਾਮ 7:30 ਵਜੇ ਰਾਜਸਥਾਨ ਰਾਇਲਜ਼ ਦਾ ਸਾਹਮਣਾ ਜੈਪੁਰ ਦੇ ਸਵਾਈ ਮਾਨਸਿੰਘ ਸਟੇਡੀਅਮ ਵਿਚ ਸਨਰਾਈਜ਼ਰਜ਼ ਹੈਦਰਾਬਾਦ ਨਾਲ ਹੋਵੇਗਾ।

--------------------------------------------------------